ਵਿਸ਼ਾ ਪੰਜਾਬੀ ਜਮਾਤ ਦਸਵੀਂ ਸਾਲ ਮਈ 2020

## 3. ਗੁਰਮਤਿ ਕਾਵਿ ਗੁਰੂ ਅਰਜਨ ਦੇਵ ਜੀ

### (ਪ੍ਰਸੰਗ ਸਹਿਤ ਵਿਆਖਿਆ ਅਤੇ ਕੇਂਦਰੀ ਭਾਵ)



## 1. ਤੂੰ ਮੇਰਾ ਪਿਤਾ ਤੂੰ ਹੈ ਮੇਰਾ ਮਾਤਾ ਤੂੰ

ਮੇਰਾ ਪਿਤਾ ਤੂੰ ਹੈ ਮੇਰਾ ਮਾਤਾ ॥

ਤੂੰ ਮੇਰਾ ਬੰਧਪੁ ਤੂੰ ਮੇਰਾ ਭ੍ਰਾਤਾ ॥

ਤੂੰ ਮੇਰਾ ਰਾਖਾ ਸਭਨੀ ਥਾਈ ਤਾ ਭਉ ਕੇਹਾ ਕਾੜਾ ਜੀਉ ॥

ਤੁਮਰੀ ਕ੍ਰਿਪਾ ਤੇ ਤੁਧੁ ਪਛਾਣਾ ॥

ਤੂੰ ਮੇਰਾ ਓਟ ਤੂੰ ਹੈ ਮੇਰਾ ਮਾਣਾ ॥

ਤੁਝ ਬਿਨੁ ਦੂਜਾ ਅਵਰੁ ਨ ਕੋਈ ਸਭੁ ਤੇਰਾ ਖੇਲੁ ਅਖਾੜਾ ਜੀਉ ॥2 ॥

ਪ੍ਰਸੰਗ :- ਇਹ ਕਾਵਿ-ਟੋਟਾ 'ਸਾਹਿਤ-ਮਾਲਾ' ਪੁਸਤਕ ਵਿੱਚ ਦਰਜ ਗੁਰੂ ਅਰਜਨ ਦੇਵ ਜੀ ਦੀ ਬਾਣੀ 'ਤੂੰ ਮੇਰਾ ਪਿਤਾ ਤੂੰ ਹੈ ਮੇਰਾ ਮਾਤਾ' ਵਿੱਚੋਂ ਲਿਆ ਗਿਆ ਹੈ। ਇਸ ਰਚਨਾ ਵਿੱਚ ਗੁਰੂ ਜੀ ਨੇ ਪ੍ਰਭੂ ਨੂੰ ਆਪਣਾ ਸਭ ਕੁਝ ਮੰਨਦੇ ਹੋਏ ਉਸ ਦੀ ਸ਼ਕਤੀ ਤੇ ਉਸ ਉੱਪਰ ਆਪਣੀ ਟੇਕ ਨੂੰ ਬਿਆਨ ਕਰਦਿਆਂ ਇਹ ਵਿਚਾਰ ਪੇਸ਼ ਕੀਤਾ ਹੈ ਕਿ ਉਸ ਦਾ

ਨਾਮ ਧਿਆਉਣ ਨਾਲ ਮਹਾਂ ਸੁੱਖ ਮਿਲਦਾ ਹੈ ਤੇ ਵਿਕਾਰਾਂ ਦਾ ਔਖਾ ਘੋਲ ਜਿੱਤਿਆ ਜਾਂਦਾ ਹੈ। ਇਨ੍ਹਾਂ ਸਤਰਾਂ ਵਿੱਚ ਗੁਰੂ ਜੀ ਨੇ ਪ੍ਰਭੂ ਨੂੰ ਆਪਣਾ ਸਭ ਕੁਝ ਮੰਨਦੇ ਹੋਏ ਉਸ ਉੱਤੇ ਆਪਣੀ ਟੇਕ ਨੂੰ ਬਿਆਨ ਕੀਤਾ ਹੈ।

ਵਿਆਖਿਆ :- ਗੁਰੂ ਜੀ ਫ਼ਰਮਾਉਂਦੇ ਹਨ ਕਿ ਹੇ ਪ੍ਰਭੂ ! ਤੂੰ ਮੇਰੇ ਪਿਉ ਦੀ ਥਾਂ ਹੈਂ, ਤੂੰ ਹੀ ਮੇਰੀ ਮਾਂ ਦੇ ਥਾਂ ਹੈ ਤੂੰ ਮੇਰਾ ਰਿਸ਼ਤੇਦਾਰ ਹੈਂ, ਤੂੰ ਹੀ ਮੇਰਾ ਭਰਾ ਹੈਂ । ਜਦੋਂ ਤੂੰ ਹੀ ਸਭ ਥਾਵਾਂ ਤੇ ਮੇਰਾ ਰਾਖਾ ਹੈਂ, ਤਾਂ ਮੈਨੂੰ ਕੋਈ ਡਰ ਨਹੀਂ, ਕੋਈ ਚਿੰਤਾ । ਹੇ ਪ੍ਰਭੂ ! ਤੇਰੀ ਮਿਹਰ ਨਾਲ ਹੀ ਮੈਂ ਤੇਰੇ ਨਾਲ ਡੂੰਘੀ ਸਾਂਝ ਪਾ ਸਕਦਾ ਹਾਂ । ਤੂੰ ਹੀ ਮੇਰਾ ਆਸਰਾ ਹੈਂ, ਤੂੰ ਹੀ ਮੇਰਾ ਫ਼ਖ਼ਰ ਦਾ ਥਾਂ ਹੈਂ । ਤੈਥੋਂ ਬਿਨਾ ਤੇਰੇ ਵਰਗਾ ਹੋਰ ਕੋਈ ਨਹੀਂ ਹੈ । ਇਹ ਜਗਤ ਤਮਾਸ਼ਾ ਇਹ ਜਗਤ ਅਖਾੜਾ ਤੇਰਾ ਹੀ ਬਣਾਇਆ ਹੋਇਆ ਹੈ।

ਜੀਅ ਜੰਤ ਸਭਿ ਤੁਧੁ ਉਪਾਏ ॥

ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ ॥

ਸਭ ਕਿਛੁ ਕੀਤਾ ਤੇਰਾ ਹੋਵੈ ਨਾਹੀ ਕਿਛੁ ਅਸਾੜਾ ਜੀਉ ॥੩॥

ਨਾਮੁ ਧਿਆਇ ਮਹਾ ਸੁਖੁ ਪਾਇਆ ॥

ਹਰਿ ਗੁਣ ਗਾਇ ਮੇਰਾ ਮਨੁ ਸੀਤਲਾਇਆ ॥

ਗਰਿ ਪੂਰੈ ਵਜੀ ਵਾਧਾਈ ਨਾਨਕ ਜਿਤਾ ਬਿਖਾੜਾ ਜੀਉ ॥4॥

{ਪੰਨਾ 103}

ਪ੍ਰਸੰਗ :- ਇਹ ਕਾਵਿ-ਟੋਟਾ 'ਸਾਹਿਤ-ਮਾਲਾ' ਪੁਸਤਕ ਵਿੱਚ ਦਰਜ ਗੁਰੂ ਅਰਜਨ ਦੇਵ ਜੀ ਦੀ ਬਾਣੀ 'ਤੂੰ ਮੇਰਾ ਪਿਤਾ ਤੂੰ ਹੈ ਮੇਰਾ ਮਾਤਾ' ਵਿੱਚੋਂ ਲਿਆ ਗਿਆ ਹੈ। ਇਸ ਰਚਨਾ ਵਿੱਚ ਗੁਰੂ ਜੀ ਨੇ ਪ੍ਰਭੂ ਨੂੰ ਆਪਣਾ ਸਭ ਕੁਝ ਮੰਨਦੇ ਹੋਏ ਉਸ ਦੀ ਸ਼ਕਤੀ ਤੇ ਉਸ ਉੱਪਰ ਆਪਣੀ ਟੇਕ ਨੂੰ ਬਿਆਨ ਕਰਦਿਆਂ ਇਹ ਵਿਚਾਰ ਪੇਸ਼ ਕੀਤਾ ਹੈ ਕਿ ਉਸ ਦਾ ਨਾਮ ਧਿਆਉਣ ਨਾਲ ਮਹਾਂ ਸੁੱਖ ਮਿਲਦਾ ਹੈ ਤੇ ਵਿਕਾਰਾਂ ਦਾ ਔਖਾ ਘੋਲ ਜਿੱਤਿਆ ਜਾਂਦਾ ਹੈ। ਇਨ੍ਹਾਂ ਸਤਰਾਂ ਵਿੱਚ ਗੁਰੂ ਜੀ ਨੇ ਪ੍ਰਭੂ ਨੂੰ ਆਪਣਾ ਸਭ ਕੁਝ ਮੰਨਦੇ ਹੋਏ ਉਸ ਉੱਤੇ ਆਪਣੀ ਟੇਕ ਨੂੰ ਬਿਆਨ ਕੀਤਾ ਹੈ।

ਵਿਆਖਿਆ :- ਗੁਰੂ ਜੀ ਆਖਦੇ ਹਨ ਕਿ ਹੇ ਪ੍ਰਭੂ! ਜਗਤ ਦੇ ਸਾਰੇ ਜੀਅ ਜੰਤ ਤੂੰ ਹੀ ਪੈਦਾ ਕੀਤੇ ਹਨ, ਜਿਸ ਜਿਸ ਕੰਮ ਵਿਚ ਤੇਰੀ ਰਜ਼ਾ ਹੋਈ, ਤੂੰ ਉਸ ਉਸ ਕੰਮ ਵਿਚ (ਸਾਰੇ ਜੀਅ ਜੰਤ) ਲਾਏ ਹੋਏ ਹਨ । ਜਗਤ ਵਿਚ ਜੋ ਕੁਝ ਹੋ ਰਿਹਾ ਹੈ ਸਭ ਤੇਰਾ ਕੀਤਾ ਹੋ ਰਿਹਾ ਹੈ, ਸਾਡਾ ਜੀਵਾਂ ਦਾ ਕੋਈ ਜ਼ੋਰ ਨਹੀਂ ਚੱਲ ਸਕਦਾ। ਹੇ ਭਾਈ ! ਪਰਮਤਾਮਾ ਦਾ ਨਾਮ ਸਿਮਰ ਕੇ ਮੈਂ ਬੜਾ ਆਤਮਕ ਆਨੰਦ ਹਾਸਲ ਕੀਤਾ ਹੈ । ਪਰਮਾਤਮਾ ਦੇ ਗੁਣ ਗਾ ਕੇ ਮੇਰਾ ਮਨ ਠੰਢਾ-ਠਾਰ ਹੋ ਗਿਆ ਹੈ । ਹੇ ਨਾਨਕ ! ਪੂਰੇ ਗੁਰੂ ਦੀ ਰਾਹੀਂ ਮੇਰੇ ਅੰਦਰ ਆਤਮਿਕ ਉਤਸ਼ਾਹ ਦਾ ਢੋਲ ਵੱਜ ਪਿਆ ਹੈ ਤੇ ਮੈਂ (ਵਿਕਾਰਾਂ ਨਾਲ ਹੋ ਰਿਹਾ) ਔਖਾ ਘੋਲ ਜਿੱਤ ਲਿਆ ਹੈ।

## 2. ਮਿਠ ਬੋਲੜਾ ਜੀ ਹਰਿ ਸਜਣੁ ਸੁਆਮੀ ਮੋਰਾ ॥

ਮਿਠ ਬੋਲੜਾ ਜੀ ਹਰਿ ਸਜਣੁ ਸੁਆਮੀ ਮੋਰਾ ॥

ਹਉ ਸੰਮਲਿ ਥਕੀ ਜੀ ਓਹੁ ਕਦੇ ਨ ਬੋਲੈ ਕਉਰਾ ॥

ਕਉੜਾ ਬੋਲਿ ਨ ਜਾਨੈ ਪੂਰਨ ਭਗਵਾਨੈ ਅਉਗਣੁ ਕੋ ਨ ਚਿਤਾਰੇ ॥

ਪਤਿਤ ਪਾਵਨੁ ਹਰਿ ਬਿਰਦੁ ਸਦਾਏ ਇਕੁ ਤਿਲੁ ਨਹੀ ਭੰਨੈ ਘਾਲੇ ॥

ਘਟ ਘਟ ਵਾਸੀ ਸਰਬ ਨਿਵਾਸੀ ਨੇਰੈ ਹੀ ਤੇ ਨੇਰਾ ॥

ਨਾਨਕ ਦਾਸੁ ਸਦਾ ਸਰਣਾਗਤਿ ਹਰਿ ਅੰਮ੍ਰਿਤ ਸਜਣੁ ਮੇਰਾ ॥1॥ {ਪੰਨਾ 784}

ਪ੍ਰਸੰਗ :- ਇਹ ਕਾਵਿ-ਟੋਟਾ 'ਸਾਹਿਤ-ਮਾਲਾ' ਪੁਸਤਕ ਵਿੱਚ ਦਰਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਬਾਣੀ 'ਮਿੱਠ ਬੋਲੜਾ ਜੀ ਹਰਿ ਸਜਣੁ' ਵਿੱਚੋਂ ਲਿਆ ਗਿਆ ਹੈ। ਇਸ ਬਾਣੀ ਵਿੱਚ ਗੁਰੂ ਜੀ ਨੇ ਮਾਲਕ ਪ੍ਰਭੂ ਦੇ ਗੁਣਾਂ ਦੀ ਮਹਿਮਾ ਗਾਈ ਹੈ।

ਵਿਆਖਿਆ :- ਹੇ ਭਾਈ! ਮੇਰਾ ਮਾਲਕ-ਪ੍ਰਭੂ ਮਿੱਠੇ ਬੋਲ ਬੋਲਣ ਵਾਲਾ ਪਿਆਰਾ ਮਿੱਤਰ ਹੈ। ਮੈਂ ਚੇਤੇ ਕਰ-ਕਰ ਕੇ ਥੱਕ ਗਈ ਹਾਂ ਕਿ ਉਸ ਦਾ ਕਦੇ ਕੌੜਾ ਬੋਲ ਬੋਲਿਆ ਯਾਦ ਆ ਜਾਏ, ਪਰ ਉਹ ਕਦੇ ਵੀ ਕੌੜਾ ਬੋਲ ਨਹੀਂ ਬੋਲਦਾ। ਹੇ ਭਾਈ ! ਉਹ ਸਾਰੇ ਗੁਣਾਂ ਨਾਲ ਭਰਪੂਰ ਭਗਵਾਨ ਕੌੜਾ (ਖਰਵਾ) ਬੋਲਣਾ ਜਾਣਦਾ ਹੀ ਨਹੀਂ, ਕਿਉਂਕਿ ਉਹ ਸਾਡਾ ਕੋਈ ਵੀ ਔਗੁਣ ਚੇਤੇ ਹੀ ਨਹੀਂ ਰੱਖਦਾ। ਉਹ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ। ਇਹ ਉਸ ਦਾ ਮੁੱਢ-ਕਦੀਮਾਂ ਦਾ ਸੁਭਾਉ ਦੱਸਿਆ ਜਾਂਦਾ ਹੈ, ਅਤੇ ਉਹ ਕਿਸੇ ਦੀ ਵੀ ਕੀਤੀ ਘਾਲ-ਕਮਾਈ ਨੂੰ ਰਤਾ ਭਰ ਵੀ ਵਿਅਰਥ ਨਹੀਂ ਜਾਣ ਦੇਂਦਾ। ਹੇ ਭਾਈ ! ਮੇਰਾ ਸੱਜਣ ਹਰੇਕ ਸਰੀਰ ਵਿਚ ਵੱਸਦਾ ਹੈ, ਸਭ ਜੀਵਾਂ ਵਿਚ ਵੱਸਦਾ ਹੈ, ਹਰੇਕ ਜੀਵ ਦੇ ਅੱਤ ਨੇੜੇ ਵੱਸਦਾ ਹੈ। ਦਾਸ ਸਦਾ ਉਸ ਦੀ ਸਰਨ ਪਿਆ ਰਹਿੰਦਾ ਹੈ। ਮੇਰਾ ਸੱਜਣ ਪ੍ਰਭੂ ਆਤਮਕ ਜੀਵਨ ਦੇਣ ਵਾਲਾ ਹੈ।

ਹਉ ਬਿਸਮੁ ਭਈ ਜੀ ਹਰਿ ਦਰਸਨੁ ਦੇਖਿ ਅਪਾਰਾ ॥

ਮੇਰਾ ਸੁੰਦਰੁ ਸੁਆਮੀ ਜੀ ਹਉ ਚਰਨ ਕਮਲ ਪਗ ਛਾਰਾ ॥

ਪ੍ਰਭ ਪੇਖਤ ਜੀਵਾ ਠੰਢੀ ਥੀਵਾ ਤਿਸੁ ਜੇਵਡੁ ਅਵਰੁ ਨ ਕੋਈ ॥

ਆਦਿ ਅੰਤਿ ਮਧਿ ਪ੍ਰਭੁ ਰਵਿਆ ਜਲਿ ਥਲਿ ਮਹੀਅਲਿ ਸੋਈ ॥

ਚਰਨ ਕਮਲ ਜਪਿ ਸਾਗਰੁ ਤਰਿਆ ਭਵਜਲ ਉਤਰੇ ਪਾਰਾ ॥

ਨਾਨਕ ਸਰਣਿ ਪੂਰਨ ਪਰਮੇਸੁਰ ਤੇਰਾ ਅੰਤੁ ਨ ਪਾਰਾਵਾਰਾ ॥2॥ {ਪੰਨਾ 784}

ਪ੍ਰਸੰਗ :- ਇਹ ਕਾਵਿ-ਟੋਟਾ 'ਸਾਹਿਤ-ਮਾਲਾ' ਪੁਸਤਕ ਵਿੱਚ ਦਰਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਬਾਣੀ 'ਮਿੱਠ ਬੋਲੜਾ ਜੀ ਹਰਿ ਸਜਣੁ' ਵਿੱਚੋਂ ਲਿਆ ਗਿਆ ਹੈ। ਇਸ ਬਾਣੀ ਵਿੱਚ ਗੁਰੂ ਜੀ ਨੇ ਮਾਲਕ ਪ੍ਰਭੂ ਦੇ ਗੁਣਾਂ ਦੀ ਮਹਿਮਾ ਗਾਈ ਹੈ।

ਵਿਆਖਿਆ :- ਗੁਰੂ ਜੀ ਫ਼ੁਰਮਾਉਂਦੇ ਹਨ, ਹੇ ਭਾਈ ! ਉਸ ਬੇਅੰਤ ਪਰਮਾਤਮਾ ਦਾ ਦਰਸਨ ਕਰ ਕੇ ਮੈਂ ਹੈਰਾਨ ਹੋ ਰਹੀ ਹਾਂ। ਉਹ ਮੇਰਾ ਸੋਹਣਾ ਮਾਲਕ ਹੈ ਅਤੇ ਮੈਂ ਉਸ ਦੇ ਚਰਨਾਂ ਦੀ ਧੂੜ ਹਾਂ। ਉਸ ਦਾ ਦਰਸ਼ਨ ਕਰਦਿਆਂ ਮੇਰੇ ਅੰਦਰ ਜਿੰਦ ਪੈ ਜਾਂਦੀ ਹੈ ਅਤੇ ਮੈਂ ਸ਼ਾਂਤ ਚਿੱਤ ਹੋ ਜਾਂਦੀ ਹਾਂ। ਮੇਰੇ ਲਈ ਉਸ ਦੇ ਬਰਾਬਰ ਦਾ ਹੋਰ ਕੋਈ ਵੀ ਨਹੀਂ। ਸੰਸਾਰ ਦੇ ਆਰੰਭ ਵਿੱਚ ਵੀ ਉਹੀ ਸੀ, ਸੰਸਾਰ ਦੇ ਅੰਤ ਵਿੱਚ ਵੀ ਉਹੀ ਹੋਵੇਗਾ ਅਤੇ ਇਸ ਵੇਲੇ ਵੀ ਉਹ ਹੀ ਹੈ। ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿੱਚ, ਸਭ ਥਾਈਂ ਉਹ ਹੀ ਵੱਸਦਾ ਹੈ। ਉਸ ਦੇ ਸੋਹਣੇ ਚਰਨਾਂ ਦਾ ਧਿਆਨ ਧਰ ਕੇ ਜੀਵ ਸੰਸਾਰ ਸਮੁੰਦਰ ਨੂੰ ਤਰ ਸਕਦੇ ਹਨ ਅਤੇ ਇਸ ਤਰ੍ਹਾਂ ਅਨੇਕਾਂ ਹੀ ਜੀਵ ਸੰਸਾਰ ਸਮੁੰਦਰ ਤੋਂ ਪਾਰ ਲੰਘਦੇ ਆ ਰਹੇ ਹਨ। ਹੇ ਪੂਰਨ ਪਰਮੇਸ਼ਵਰ ! ਕਿਸੇ ਲਈ ਮੈਂ ਤੇਰੀ ਸਰਨ ਆਇਆ ਹਾਂ। ਮੈਂ ਤੇਰੀ ਹਸਤੀ ਦਾ ਉਰਲਾ ਪਰਲਾ ਬੰਨਾ ਨਹੀਂ ਲੱਭ ਸਕਦਾ ਤੇ ਨਾ ਹੀ ਤੇਰਾ ਅੰਤ ਪਾ ਸਕਦਾ ਹੈ।

3. ਮੇਰਾ ਮਨੁ ਲੋਚੈ ਗੁਰਦਰਸਨ ਤਾਈ

ਮੇਰਾ ਮਨੁ ਲੋਚੈ ਗੁਰਸਰਦਨ ਰਾਹੀ

ਬਿਲਪ ਕਰੇ ਚਾਤ੍ਰਿਕ ਕੀ ਨਿਆਈ ॥

ਤ੍ਰਿਖਾ ਨ ਉਤਰੈ ਸਾਂਤਿ ਨ ਆਵੈ ਬਿਨੁ ਦਰਸਨ ਸੰਤ ਪਿਆਰੇ ਜੀਉ ॥1॥

ਹਉ ਘੋਲੀ ਜੀਉ ਘੋਲਿ ਘੁਮਾਈ ਗੁਰ ਦਰਸਨ ਸੰਤ ਪਿਆਰੇ ਜੀਉ ॥੧॥ ਰਹਾਉ ॥

ਤੇਰਾ ਮੁਖੁ ਸੁਹਾਵਾ ਜੀਉ ਸਹਜ ਧੁਨਿ ਬਾਣੀ ॥

ਚਿਰੁ ਹੋਆ ਦੇਖੇ ਸਾਰਿੰਗਪਾਣੀ ॥

ਧੰਨੁ ਸੁ ਦੇਸੁ ਜਹਾ ਤੂੰ ਵਸਿਆ ਮੇਰੇ ਸਜਣ ਮੀਤ ਮੁਰਾਰੇ ਜੀਉ ॥2॥

ਹਉ ਘੋਲੀ ਹਉ ਘੋਲਿ ਘੁਮਾਈ ਗੁਰ ਸਜਣ ਮੀਤ ਮੁਰਾਰੇ ਜੀਉ ॥੧॥ ਰਹਾਉ ॥

ਪ੍ਰਸੰਗ :- ਇਹ ਕਾਵਿ-ਟੋਟਾ 'ਸਾਹਿਤ-ਮਾਲਾ' ਪੁਸਤਕ ਵਿੱਚ ਦਰਜ ਗੁਰੂ ਅਰਜਨ ਦੇਵ ਦੀ ਰਚਨਾ 'ਮੇਰਾ ਮਨੁ ਲੋਚੈ ਗੁਰ ਦਰਸਨ ਤਾਈ' ਵਿੱਚੋਂ ਲਿਆ ਗਿਆ ਹੈ। ਇਸ ਬਾਣੀ ਦੇ ਪਹਿਲੇ ਤਿੰਨ ਬੰਦਾਂ ਵਿੱਚ ਗੁਰੂ ਸਾਹਿਬ ਨੇ ਆਪਣੇ ਗੁਰੂ ਪਿਤਾ ਦੇ ਵਿਛੋੜੇ ਤੇ ਚੌਥੀ ਬੰਦ ਵਿੱਚ ਮਿਲਾਪ ਦੀ ਅਵਸਥਾ ਨੂੰ ਬਿਆਨ ਕੀਤਾ ਹੈ। ਇਨ੍ਹਾਂ ਸਤਰਾਂ ਵਿੱਚ ਗੁਰੂ ਪਿਤਾ ਦੇ ਵਿਛੋੜੇ ਤੋਂ ਉਪਜੀ ਬੇਕਰਾਰੀ ਨੂੰ ਬਿਆਨ ਕੀਤਾ ਗਿਆ ਹੈ।

ਵਿਆਖਿਆ :- ਗੁਰੂ ਜੀ ਆਖਦੇ ਹਨ ਕਿ ਮੇਰਾ ਮਨ ਗੁਰੂ ਦੇ ਦਰਸਨ ਕਰਨ ਲਈ ਮੇਰਾ ਮਨ ਬੜਾ ਤਾਂਘ ਕਰ ਰਿਹਾ ਹੈ । ਉਹ ਇਸ ਪ੍ਰਕਾਰ ਤੜਫ ਰਿਹਾ ਹੈ, ਜਿਵੇਂ ਪਪੀਹਾ ਸ੍ਵਾਂਤੀ ਬੂੰਦ ਲਈ ਤਰਲੇ ਲੈਂਦਾ ਹੈ । ਪਪੀਹੇ ਵਾਂਗ ਮੇਰਾ ਮਨ ਗੁਰੂ ਦੇ ਦਰਸਨ ਲਈ ਤਰਲੇ ਲੈ ਰਿਹਾ ਹੈ। ਪਿਆਰੇ ਸੰਤ-ਗੁਰੂ ਦੇ ਦਰਸ਼ਨ ਤੋਂ ਬਿਨਾ (ਦਰਸ਼ਨ ਦੀ ਮੇਰੀ ਆਤਮਕ) ਤ੍ਰੇਹ ਮਿਟਦੀ ਨਹੀਂ, ਮੇਰੇ ਮਨ ਨੂੰ ਧੀਰਜ ਨਹੀਂ ਆਉਂਦੀ। ਮੈਂ ਪਿਆਰੇ ਸੰਤ-ਗੁਰੂ ਦੇ ਦਰਸਨ ਤੋਂ ਕੁਰਬਾਨ ਹਾਂ, ਸਦਕੇ ਹਾਂ। ਹੇ ਗੁਰੂ ਪਿਤਾ ਜੀਓ ! ਤੇਰਾ ਮੁੱਖੜਾ ਸੁੰਦਰ ਹੈ ਤੇ ਤੇਰੀ ਬਾਣੀ ਦੀ ਧੁਨੀ ਮਨ ਵਿੱਚ ਟਿਕਾਓ ਪੈਦਾ ਕਰਦੀ ਹੈ, ਪਰ ਮੇਰੇ ਮੇਰੀ ਵਿਛੋੜੇ ਕਾਰਨ ਅਜਿਹੀ ਅਵਸਥਾ ਹੈ ਜਿਹੋ ਜਿਹੀ ਪਪੀਹੇ ਦੀ ਪਾਣੀ ਦੇਖੇ ਨੂੰ ਚਿਰ ਹੋਇਆ ਹੋਣ ਕਰਕੇ ਹੁੰਦੀ ਹੈ।

ਹੇ ਪਿਆਰੇ ਭਗਵਾਨ! ਜਦੋਂ ਮੈਂ ਤੈਨੂੰ ਇਕ ਘੜੀ ਭਰ ਭੀ ਨਹੀਂ ਮਿਲਦਾ ਤਾਂ ਮੇਰੇ ਭਾ ਦਾ ਕਲਿਜੁਗ ਹੋ ਜਾਂਦਾ ਹੈ (ਮੈਂ ਤੇਰੇ ਵਿਛੋੜੇ ਵਿਚ ਬਿਹਬਲ ਹਾਂ, ਦੱਸ ਹੁਣ ਤੈਨੂੰ ਮੈਂ ਕਦੋਂ ਮਿਲ ਸਕਾਂਗਾ । (ਹੇ ਭਾਈ! ਗੁਰੂ ਦੀ ਸਰਨ ਤੋਂ ਬਿਨਾ ਪਰਮਾਤਮਾ ਨਾਲ ਮਿਲਾਪ ਨਹੀਂ ਹੋ ਸਕਦਾ, ਤਾਹੀਏਂ) ਗੁਰੂ ਦੇ ਦਰਬਾਰ ਦਾ ਦਰਸਨ ਕਰਨ ਤੋਂ ਬਿਨਾ ਮੇਰੀ (ਜ਼ਿੰਦਗੀ ਦੀ) ਰਾਤ (ਸੌਖੀ) ਨਹੀਂ ਲੰਘਦੀ, ਮੇਰੇ ਅੰਦਰ ਸ਼ਾਂਤੀ ਨਹੀਂ ਆਉਂਦੀ ।੩।

ਇਕ ਘੜੀ ਨ ਮਿਲਤੇ ਤਾ ਕਲਿਜੁਗੁ ਹੋਤਾ ॥

ਹੁਣਿ ਕਦਿ ਮਿਲੀਐ ਪ੍ਰਿਅ ਤੁਧੁ ਭਗਵੰਤਾ ॥

ਮੋਹਿ ਰੈਣਿ ਨ ਵਿਹਾਵੈ ਨੀਦ ਨ ਆਵੈ ਬਿਨੁ ਦੇਖੇ ਗੁਰ ਦਰਬਾਰੇ ਜੀਉ ॥੩॥

ਹਉ ਘੋਲੀ ਜੀਉ ਘੋਲਿ ਘੁਮਾਈ ਤਿਸੁ ਸਚੇ ਗੁਰ ਦਰਬਾਰੇ ਜੀਉ ॥੧॥ ਰਹਾਉ ॥

ਭਾਗੁ ਹੋਆ ਗੁਰਿ ਸੰਤੁ ਮਿਲਾਇਆ ॥

ਪ੍ਰਭੁ ਅਬਿਨਾਸੀ ਘਰ ਮਹਿ ਪਾਇਆ ॥

ਸੇਵ ਕਰੀ ਪਲੁ ਚਸਾ ਨ ਵਿਛੁੜਾ ਜਨ ਨਾਨਕ ਦਾਸ ਤੁਮਾਰੇ ਜੀਉ ॥੪॥

ਹਉ ਘੋਲੀ ਜੀਉ ਘੋਲਿ ਘੁਮਾਈ ਜਨ ਨਾਨਕ ਦਾਸ ਤੁਮਾਰੇ ਜੀਉ ॥ ਰਹਾਉ ॥੧॥੮॥ {ਪੰਨਾ 96-97}

ਪ੍ਰਸੰਗ :- ਇਹ ਕਾਵਿ-ਟੋਟਾ 'ਸਾਹਿਤ-ਮਾਲਾ' ਪੁਸਤਕ ਵਿੱਚ ਦਰਜ ਗੁਰੂ ਅਰਜਨ ਦੇਵ ਦੀ ਰਚਨਾ 'ਮੇਰਾ ਮਨੁ ਲੋਚੈ ਗੁਰ ਦਰਸਨ ਤਾਈ' ਵਿੱਚੋਂ ਲਿਆ ਗਿਆ ਹੈ। ਇਸ ਬਾਣੀ ਦੇ ਪਹਿਲੇ ਤਿੰਨ ਬੰਦਾਂ ਵਿੱਚ ਗੁਰੂ ਸਾਹਿਬ ਨੇ ਆਪਣੇ ਗੁਰੂ ਪਿਤਾ ਦੇ ਵਿਛੋੜੇ ਤੇ ਚੌਥੀ ਬੰਦ ਵਿੱਚ ਮਿਲਾਪ ਦੀ ਅਵਸਥਾ ਨੂੰ ਬਿਆਨ ਕੀਤਾ ਹੈ। ਇਨ੍ਹਾਂ ਸਤਰਾਂ ਵਿੱਚ ਗੁਰੂ ਪਿਤਾ ਦੇ ਵਿਛੋੜੇ ਤੋਂ ਉਪਜੀ ਬੇਕਰਾਰੀ ਨੂੰ ਬਿਆਨ ਕੀਤਾ ਗਿਆ ਹੈ।

ਵਿਆਖਿਆ :- ਗੁਰੂ ਜੀ ਆਖਦੇ ਹਨ, ਹੇ ਗੁਰੂ ਪਿਤਾ ਜੀਓ ! ਜੇਕਰ ਆਪ ਮੈਨੂੰ ਇਕ ਘੜੀ ਲਈ ਵੀ ਨਹੀਂ ਮਿਲਦੇ, ਤਾਂ ਮੇਰੇ ਲਈ ਬਿਤਾਉਣੀ ਔਖੀ ਹੋ ਜਾਂਦੀ ਹੈ ਤੇ ਉਹ ਘੜੀ ਕਲਜੁਗ ਦੇ ਬਰਾਬਰ ਹੈ। ਮੈਂ ਤੇਰੇ ਵਿਛੋੜੇ ਵਿਚ ਬਿਹਬਲ ਹਾਂ, ਦੱਸ ਹੁਣ ਤੈਨੂੰ ਮੈਂ ਕਦੋਂ ਮਿਲ ਸਕਾਂਗਾ। ਹੇ ਭਾਈ ! ਗੁਰੂ ਦੀ ਸ਼ਰਨ ਤੋਂ ਬਿਨਾ ਪਰਮਾਤਮਾ ਨਾਲ ਮਿਲਾਪ ਨਹੀਂ ਹੋ ਸਕਦਾ, ਤਾਂ ਹੀ ਗੁਰੂ ਦੇ ਦਰਬਾਰ ਦਾ ਦਰਸ਼ਨ ਕਰਨ ਤੋਂ ਬਿਨਾ ਮੇਰੀ ਜ਼ਿੰਦਗੀ ਦੀ ਰਾਤ ਸੌਖੀ ਨਹੀਂ ਲੰਘਦੀ, ਮੇਰੇ ਅੰਦਰ ਸ਼ਾਂਤੀ ਨਹੀਂ ਆਉਂਦੀ। ਗੁਰੂ ਪਿਤਾ ਦਾ ਮਿਲਾਪ ਹੋ ਜਾਣ ਤੇ ਮੇਰੇ ਭਾਗ ਜਾਗ ਪਏ ਹਨ, ਗੁਰੂ ਨੇ ਮੈਨੂੰ ਸ਼ਾਂਤੀ ਦਾ ਸੋਮਾ ਪਰਮਾਤਮਾ ਮਿਲਾ ਦਿੱਤਾ ਹੈ। ਗੁਰੂ ਦੀ ਕਿਰਪਾ ਨਾਲ ਉਸ ਅਬਿਨਾਸੀ ਪ੍ਰਭੂ ਨੂੰ ਮੈਂ ਆਪਣੇ ਹਿਰਦੇ ਵਿਚ ਹੀ ਲੱਭ ਲਿਆ ਹੈ। ਮੈਂ ਹੁਣ ਹਰ ਸਮੇਂ ਗੁਰੂ ਜੀ ਦੀ ਸੇਵਾ ਹੀ ਕਰਾਂਗਾ ਤੇ ਮੈਂ ਇਕ ਪਲ ਭਰ ਵੀ ਤੈਥੋਂ ਨਾ ਵਿਛੜਾ। ਹੇ ਗੁਰੂ ਜੀ ! ਮੈਂ ਤੇਰੇ ਦਾਸਾਂ ਤੋਂ ਸਦਕੇ ਹਾਂ ਕੁਰਬਾਨ ਹਾਂ।

## ਕਵਿਤਾਵਾਂ ਦੇ ਕੇਂਦਰੀ ਭਾਵ

### ਤੂੰ ਮੇਰਾ ਪਿਤਾ ਤੂੰ ਹੈ ਮੇਰਾ ਮਾਤਾ

ਪ੍ਰਭੂ ਹੀ ਮਨੁੱਖ ਦਾ ਅਸਲ ਮਾਤਾ-ਪਿਤਾ ਤੇ ਸਾਕ-ਸਬੰਧੀ ਹੈ। ਉਸ ਨੇ ਸਾਰੇ ਜੀਵ ਪੈਦਾ ਕੀਤੇ ਹਨ ਤੇ ਧੰਦਿਆਂ ਵਿੱਚ ਲਾਏ ਹੋਏ ਹਨ। ਉਸ ਦਾ ਨਾਮ ਧਿਆਉਣ ਨਾਲ ਮਹਾਂ ਸੁੱਖ ਪ੍ਰਾਪਤ ਹੁੰਦਾ ਹੈ ਤੇ ਵਿਕਾਰਾਂ ਦਾ ਔਖਾ ਘੋਲ ਜਿੱਤਿਆ ਜਾਂਦਾ ਹੈ।

### ਮਿਠ ਬੋਲੜਾ ਜੀ ਹਰਿ ਸਜਣੁ

ਮਾਲਕ ਪ੍ਰਭੂ ਦਾ ਸੁਭਾਅ ਬੜਾ ਮਿੱਠਾ ਹੈ। ਉਹ ਸਾਰਿਆਂ ਵਿੱਚ ਵਸਦਾ ਹੈ ਤੇ ਸਭ ਨੂੰ ਆਤਮਿਕ ਜੀਵਨ ਦੇਣ ਵਾਲਾ ਹੈ। ਉਸ ਦਾ ਦਰਸ਼ਨ ਕਰਕੇ ਜੀਵ ਨੂੰ ਸ਼ਾਂਤੀ ਪ੍ਰਾਪਤ ਹੁੰਦੀ ਹੈ। ਉਹ ਹਰ ਥਾਂ ਵਸਦਾ ਰਸਦਾ ਹੈ ਤੇ ਉਸ ਦਾ ਧਿਆਨ ਧਰ ਕੇ ਮਨੁੱਖ ਸੰਸਾਰ-ਸਮੁੰਦਰ ਨੂੰ ਤਰ ਜਾਂਦਾ ਹੈ।

### ਮੇਰਾ ਮਨੁ ਲੋਚੈ ਗੁਰਦਰਸਨ ਤਾਈ

ਗੁਰਸਿੱਖ ਗੁਰੂ ਦੇ ਵਿਛੋੜੇ ਵਿੱਚ ਉਸ ਦੇ ਮਿਲਾਪ ਲਈ ਤੜਫਦਾ ਹੈ। ਪ੍ਰਭੂ ਦੀ ਕ੍ਰਿਪਾ ਨਾਲ ਉਸ ਨੂੰ ਗੁਰੂ ਦਾ ਮਿਲਾਪ ਪ੍ਰਾਪਤ ਹੁੰਦਾ ਹੈ ਤੇ ਫਿਰ ਗੁਰੂ ਦੀ ਸਿੱਖਿਆ ਤੇ ਚੱਲ ਕੇ ਉਸ ਨੂੰ ਪ੍ਰਭੂ ਦਾ ਮਿਲਾਪ ਹਾਸਲ ਹੁੰਦਾ ਹੈ, ਜੋ ਕਿ ਬੜਾ ਆਨੰਦਮਈ ਹੁੰਦਾ ਹੈ।

## ਵਸਤੂਨਿਸ਼ਠ ਉੱਤਰ ਵਾਲੇ ਪ੍ਰਸ਼ਨ

1. ਗੁਰੂ ਜੀ ਅਨੁਸਾਰ ਕਿਸ ਦਾ ਗੁਣ ਗਾਉਣ ਨਾਲ ਮਨ ਨੂੰ ਠੰਢਕ ਪੈਂਦੀ ਹੈ ?
   ਪਰਮਾਤਮਾ ਦਾ
2. ਵਿਕਾਰਾਂ ਦਾ ਔਖਾ ਘੋਲ ਕਿਸ ਤਰ੍ਹਾਂ ਜਿੱਤਿਆ ਗਿਆ ਹੈ ?
   ਗੁਰੂ ਦੀ ਕਿਰਪਾ ਨਾਲ
3. 'ਮਿਠ ਬੋਲੜਾ ਜੀ ਹਰਿ ਸਜਣੁ' ਵਿੱਚ ਗੁਰੂ ਜੀ ਦੇ ਭਾਵ ਕਿਹੋ ਜਿਹੇ ਹਨ ?
   ਵਿਸਮਾਦ ਤੇ ਨਿਰਮਾਣਤਾ ਭਰੇ
4. ਗੁਰੂ ਜੀ ਕਿਸ ਦੀ ਸ਼ਰਨ ਪੈਣ ਦੀ ਗੱਲ ਕਰਦੇ ਹਨ ?

ਮਾਲਕ ਪ੍ਰਭੂ ਦੀ

5. ਗੁਰੂ ਜੀ ਨੇ 'ਮੇਰੇ ਸਜਣੁ ਮੀਤ ਮੁਰਾਰੇ ਜੀਓ' ਕਿਸ ਨੂੰ ਕਿਹਾ ਹੈ ?

ਗੁਰੂ ਪਿਤਾ ਨੂੰ

6. ਗੁਰੂ ਸੰਤਾਂ ਨਾਲ ਕਿਸ ਨੇ ਮਿਲਾਇਆ ਹੈ ?

ਪ੍ਰਭੂ ਨੇ

7. ਗੁਰੂ ਮਿਲਾਪ ਪ੍ਰਾਪਤ ਕਰਕੇ ਗੁਰੂ ਜੀ ਕੀ ਕਰਨਾ ਚਾਹੁੰਦੇ ਹਨ ?

ਗੁਰੂ ਸੇਵਾ

ਤਿਆਰ ਕਰਤਾ

ਸੰਦੀਪ ਸਿੰਘ  ਪੰਜਾਬੀ ਮਾਸਟਰ

ਸਰਕਾਰੀ ਹਾਈ ਸਕੂਲ ਭਿੰਡੀ ਔਲਖ ( ਅੰਮ੍ਰਿਤਸਰ )